ਮਿਤੀ 16 ਅਕਤੂਬਰ 2021 ਨੂੰ ਕਲਮ ਸੁਸਾਇਟੀ ਵੱਲੋ ਨਿਬੰਧ ਲੇਖਨ ਅੰਤਰ ਕਾਲਜ ਮੁਕਾਬਲਾ ਕਰਵਾਇਆ ਗਿਆ।ਇਸ ਲੇਖਨ ਦਾ ਵਿਸ਼ਾ ਨੈਤਿਕ ਕਦਰਾਂ ਕੀਮਤਾਂ ਦੇ ਬਦਲਦੇ ਸਰੋਕਾਰ ਸੀ । ਪ੍ਰੋਗਰਾਮ ਦਾ ਸੰਚਾਲਨ ਵਿਭਾਗ ਦੀ ਅਧਿਆਪਕਾ ਡਾ ਜਸਵਿੰਦਰ ਕੌਰ ਬਿੰਦਰਾ ਨੇ ਕੀਤਾ ।ਇਸ ਪ੍ਰੋਗਰਾਮ ਵਿਚ ਵੱਖ ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ।ਪ੍ਰੋਗਰਾਮ ਵਿੱਚ ਵਿਦਿਆਰਥੀਆਂ ਨੇ ਇਨਾਮ ਵੀ ਪ੍ਰਾਪਤ ਕੀਤੇ ਜਿਸ ਵਿੱਚੋਂ ਮਾਤਾ ਸੁੰਦਰੀ ਕਾਲਜ ਦੇ ਵਿਦਿਆਰਥੀ ਨਮਨਪ੍ਰੀਤ ਕੌਰ ਨੇ ਪਹਿਲਾ ਦਰਜਾ ਹਾਸਿਲ ਕੀਤਾ । ਹਰਸ਼ਿਤਾ ਚੋਪੜਾ ਸ੍ਰੀ ਗੁਰੂ ਨਾਨਕ ਦੇਵ ਖ਼ਾਲਸਾ ਕਾਲਜ ਨੇ ਦੂਜਾ ਦਰਜਾ ਤੇ ਰਮਨਦੀਪ ਕੌਰ ਗੁਰੂ ਗੋਬਿੰਦ ਸਿੰਘ ਕਾਲਜ ਨੇ ਤੀਜਾ ਦਰਜਾ ਹਾਸਿਲ ਕੀਤਾ । ਇਸ ਪ੍ਰੋਗਰਾਮ ਵਿੱਚ ਵਿਭਾਗ ਦੇ ਸਾਰੇ ਅਧਿਆਪਕਾਂ ਡਾ ਬੇਅੰਤ ਕੌਰ, ਡਾ ਭੁਪਿੰਦਰਪਾਲ ਸਿੰਘ ਬਖਸ਼ੀ, ਡਾ ਪਰਮਜੀਤ ਕੌਰ, ਡਾ ਵਿਨੇਨੀਤ ਕੌਰ ਤੇ ਡਾ ਪਰਮਜੀਤ ਕੰਬੋਜ ਨੇ ਸਾਰੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ ।ਸਾਰੇ ਅਧਿਆਪਕਾਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਵੀ ਦਿੱਤੀ।